**ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਡੀ.ਸੀ ਅਤੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡਾਂ ਦਾ ਦੌਰਾ**



**ਕਿਸਾਨਾਂ ਵੱਲੋਂ ਖੇਤਾਂ ਅੰਦਰ ਪਰਾਲੀ ਨੂੰ ਲਗਾਈ ਅੱਗ ਨੂੰ ਬੁਝਵਾਇਆ ਗਿਆ**

**ਸ੍ਰੀ ਮੁਕਤਸਰ ਸਾਹਿਬ ( )ਨੈਸ਼ਨਲ ਗ੍ਰੀਨ ਟ੍ਰਿਬਿਊਨਲ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਪ੍ਰਬੰਧਨ ਕਰਕੇ ਕਣਕ ਦੀ ਬਜਾਈ ਕਰਨ ਅਤੇ ਪਰਾਲੀ ਨੂੰ ਅੱਗ ਨਾਲ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਜ਼ਿਲ੍ਹੇ ਵਿੱਚ ਜਿੱਥੇ ਜਾਗਰੂਕਤਾ ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ ਉੱਥੇ ਹੀ ਪਰਾਲੀ ਨੂੰ ਅੱਗ ਲਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਮਾਲ ਰਿਕਾਰਡ ਦੇ ਰੈਡ ਐਂਟਰੀ ਦਰਜ ਕਰਵਾਈ ਜਾ ਰਹੀ ਹੈ।**

**ਇਸ ਮੌਕੇ ਸ੍ਰੀ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਅਤੇ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡ ਗੋਨਿਆਣਾ, ਮਹਾਬੱਧਰ ਅਤੇ ਭਾਗਸਰ ਆਦਿ ਦਾ ਦੌਰਾ ਕਰਕੇ ਖੇਤਾਂ ਅੰਦਰ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਬਾਰੇ ਜਾਗਰੂਕ ਕੀਤਾ ਗਿਆ ਅਤੇ ਕਿਸਾਨਾਂ ਵੱਲੋਂ ਖੇਤਾਂ ਅੰਦਰ ਲਗਾਈ ਅੱਗ ਨੂੰ ਬੁਝਵਾਇਆ ਗਿਆ, ਉਹਨਾਂ ਕਿਹਾ ਕਿ ਜਿਲਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਪਿੰਡਾਂ ਵਿੱਚ ਜਾ ਕੇ ਗ੍ਰਾਮ ਪੰਚਾਇਤਾਂ ਨੂੰ ਪਰਾਲੀ ਨੂੰ ਅੱਗ ਨਾ ਲੋਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਅਤੇ ਕਿਸਾਨਾਂ ਨੂੰ ਪਰਾਲੀ ਅੰਦਰ ਅੱਗ ਨਾ ਲਗਾਉਣ ਸਬੰਧੀ ਸੋਹ ਚੁਕਵਾਈ ਜਾ ਰਹੀ ਹੈ।**